2022/34275
11/11/2022

# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਸਿੱਖਿਆ ਭਵਨ

ਚੋਥੀ ਮੰਜਿਲ, ਐਸ.ਏ.ਐਸ. ਨਗਰ

(ਸੈਕੰਡਰੀ ਸਿੱਖਿਆ ਸਾਖਾ)

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ)

ਪੰਜਾਬ।

ਮੀਮੋ ਨੰ. ਈ-256696-2022 ਸੈਸਿ (2)/2022291614

ਮਿਤੀ ਸ.ਅ.ਸ ਨਗਰ 10/11/2022

ਵਿਸ਼ਾ :- ਮਹੀਨਾ ਨਵੰਬਰ, 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ (ਸਿੱਖਿਆ ਸੈੱਲ) ਵੱਲੋਂ ਪ੍ਰਾਪਤ ਪੱਤਰ ਦੀ ਕਾਪੀ ਭੇਜਦੇ ਹੋਏ ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਪੱਤਰ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਨੱਥੀ : ਉਪਰੋਕਤ ਅਨੁਸਾਰ

ਸਹਾਇਕ, ਡਾਇਰੈਕਟਰ (ਸੈਸਿ)

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈਸਿ) ਬਠਿੰਡਾ
ਪੱਤਰ ਨੰ:ਜੀ।। ( )2022/1899 ਮਿਤੀ: 14/11/2022

ਉਕਤ ਦਾ ਉਤਾਰਾ ਸਮੂਹ ਸਕੂਲਾਂ ਦੇ ਮੁੱਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

14/11/22
ਜਿਲ੍ਹਾ ਸਿੱਖਿਆ ਅਫਸਰ (ਸੈਸਿ)
ਬਠਿੰਡਾ।

ਨੰ:6/14/18-2ਸਿੱ.ਸੈਲ/ 836

**ਪੰਜਾਬ ਸਰਕਾਰ**

**ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ**

**(ਸਿੱਖਿਆ ਸੈੱਲ)**

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਸਮੂਹ ਡਵੀਜ਼ਨਾਂ ਦੇ ਕਮਿਸ਼ਨਰ ,ਸਮੂਹ ਡਿਪਟੀ ਕਮਿਸ਼ਨਰ,
ਸਮੂਹ ਵਿਭਾਗਾਂ ਦੇ ਮੁੱਖੀ ਬੋਰਡਾਂ, ਕਾਰਪੋਰੇਸ਼ਨਾਂ ਦੇ ਚੇਅਰਮੈਨ,
ਸਮੂਹ ਯੂਨੀਵਰਸਿਟੀਆਂ ਦੇ ਵਾਈਸ ਚਾਂਸਲਰ/ਕਾਲਜਾਂ ਦੇ ਪ੍ਰਿੰਸੀ./ਸਕੂਲਾਂ ਦੇ ਪ੍ਰਿੰਸੀ.,
ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ,
ਚੇਅਰਮੈਨ ਪੰਜਾਬ ਲੋਕ ਸੇਵਾ ਕਮਿਸ਼ਨ ਅਤੇ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਮੁੱਖੀ,
ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ, ਉਪ ਮੰਡਲ ਅਫ਼ਸਰ (ਸਿਵਲ) ਅਤੇ
ਰਜਿਸਟਰਾਰ, ਪੰਜਾਬ ਤੇ ਹਰਿਆਣਾ ਹਾਈਕੋਰਟ।

ਮਿਤੀ,ਚੰਡੀਗੜ੍ਹ: 28/10/2022

ਵਿਸ਼ਾ:- **ਮਹੀਨਾ ਨਵੰਬਰ, 2022 ਨੂੰ ਪੰਜਾਬੀ ਮਹੀਨੇ ਵਜੋਂ ਮਨਾਉਣ ਸਬੰਧੀ।**

****

ਸ੍ਰੀਮਾਨ/ਸ੍ਰੀਮਤੀ ਜੀ,

ਕਿਰਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2. ਪੰਜਾਬ ਰਾਜ ਭਾਸ਼ਾ ਐਕਟ 1967, ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2021 ਦੇ ਉਪਬੰਧਾਂ ਅਨੁਸਾਰ ਪੰਜਾਬ ਸਰਕਾਰ ਦੇ ਸਾਰੇ ਦਫਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫਤਰਾਂ ਵਿਚ ਸਮੁੱਚਾ ਦਫਤਰੀ ਕੰਮ-ਕਾਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿਚ ਕੀਤਾ ਜਾਣਾ ਲਾਜ਼ਮੀ ਹੈ। ਪੰਜਾਬ ਸਰਕਾਰ ਵਲੋਂ ਦਫਤਰੀ ਕੰਮ-ਕਾਜ ਵਿਚ ਪੰਜਾਬੀ ਭਾਸ਼ਾ ਦੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਮੇਂ ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਮਾਤ ਭਾਸ਼ਾ ਪੰਜਾਬੀ ਪ੍ਰਤੀ ਸਤਿਕਾਰ ਕਰਨਾ ਸਾਡਾ ਸਮੂਹ ਪੰਜਾਬੀਆਂ ਦਾ ਨੈਤਿਕ ਫਰਜ਼ ਹੈ। ਭਾਸ਼ਾ ਵਿਭਾਗ, ਪੰਜਾਬ ਸਰਕਾਰ ਦੇ

ਸਮੂਹ ਅਦਾਰਿਆਂ ਅੰਦਰ ਮਾਤ-ਭਾਸ਼ਾ ਪੰਜਾਬੀ ਵਿਚ ਕੰਮ ਕਰਵਾਉਣ ਦੇ ਨਾਲ-ਨਾਲ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਚਨਬੱਧ ਹੈ।

3. ਪੰਜਾਬ ਸਰਕਾਰ ਵਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਮਿਤੀ 01.11.2022 ਤੋਂ ਮਿਤੀ 30.11.2022 ਤੱਕ ਪੰਜਾਬ ਰਾਜ ਦੇ ਸਮੂਹ ਦਫਤਰਾਂ ਅਤੇ ਵਿਦਿਅਕ ਅਦਾਰਿਆਂ ਵਿਚ ਪੰਜਾਬੀ ਮਹੀਨਾ ਮਨਾਇਆ ਜਾਵੇ। ਮਾਂ-ਬੋਲੀ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਆਪਣੇ ਪੱਧਰ ਤੇ ਸਾਹਿਤਕ ਸਮਾਗਮ ਆਯੋਜਿਤ ਕੀਤੇ ਜਾਣ। ਰਾਜ ਦੇ ਸਕੂਲਾਂ, ਕਾਲਜਾਂ ਵਿਚ ਵਿਦਿਆਰਥੀਆਂ ਦੀ ਸਮੂਲੀਅਤ ਯਕੀਨੀ ਬਣਾ ਕੇ ਸਾਹਿਤਕ ਸਮਾਗਮ ਕਰਵਾਏ ਜਾਣ ।

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਉਪਰੋਕਤ ਦਾ ਇਕ ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪਬ੍ਰੰਧਕੀ ਸਕੱਤਰ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਪੰਬਧਕੀ ਕੰਟਰੋਲ ਅਧੀਨ ਆਉਂਦੇ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਦੇ ਸਮੂਹ ਅਧਿਕਾਰੀਆਂ/ਕਰਮਚਾਰੀਆਂ ਵਲੋਂ ਉਕਤ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ।

Sd/-

ਪ੍ਰਮੁੱਖ ਸਕੱਤਰ ਪੰਜਾਬ ਸਰਕਾਰ
ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ:ਵਿ:ਪੱ: ਨੰ: 6/14/18-2ਸਿੱ.ਸੈਲ/ ਮਿਤੀ,ਚੰਡੀਗੜ੍ਹ: